ਸਾਰਗ ਮਹਲਾ ੫ ॥ ਅਨਦਿਨੁ ਰਾਮ ਕੇ ਗੁਣ ਕਹੀਐ ॥ ਸਗਲ ਪਦਾਰਥ ਸਰਬ ਸੂਖ ਸਿਧਿ ਮਨ ਬਾਂਛਤ ਫਲ ਲਹੀਐ ॥ ੧॥ ਰਹਾਉ ॥ ਆਵਹੁ ਸੰਤ ਪ੍ਰਾਨ ਸੁਖਦਾਤੇ ਸਿਮਰਹ ਪ੍ਰਭੁ ਅਬਿਨਾਸੀ ॥ ਅਨਾਥਹ ਨਾਥੁ ਦੀਨ ਦੁਖ ਭੰਜਨ ਪੂਰਿ ਰਹਿਓ ਘਟ ਵਾਸੀ ॥ ੧॥ ਗਾਵਤ ਸੁਨਤ ਸੁਨਾਵਤ ਸਰਧਾ ਹਰਿ ਰਸੁ ਪੀ ਵਡਭਾਗੇ ॥ ਕਲਿ ਕਲੇਸ ਮਿਟੇ ਸਭਿ ਤਨ ਤੇ ਰਾਮ ਨਾਮ ਲਿਵ ਜਾਗੇ ॥੨॥ ਕਾਮੁ ਕ੍ਰੋਧੁ ਝੂਠੁ ਤਜਿ ਨਿੰਦਾ ਹਰਿ ਸਿਮਰਨਿ ਬੰਧਨ ਤੂਟੇ ॥ ਮੋਹ ਮਗਨ ਅਹੰ ਅੰਧ ਮਮਤਾ ਗੁਰ ਕਿਰਪਾ ਤੇ ਛੂਟੇ ॥੩॥ ਤੂ ਸਮਰਥੁ ਪਾਰਬ੍ਰਹਮ ਸੁਆਮੀ ਕਰਿ ਕਿਰਪਾ ਜਨੁ ਤੇਰਾ ॥ ਪੂਰਿ ਰਹਿਓ ਸਰਬ ਮਹਿ ਠਾਕੁਰੁ ਨਾਨਕ ਸੋ ਪ੍ਰਭੁ ਨੇਰਾ ॥੪॥੧੨॥ {ਪੰਨਾ 1206}

ਪਦਅਰਥ:- ਅਨਦਿਨੁ—{Anuidnwz} ਹਰ ਰੋਜ਼। ਕਹੀਐ—ਆਓ, ਭਾਈ! ਆਖਿਆ ਕਰੀਏ। ਸਗਲ—ਸਾਰੇ। ਸਿਧਿ—ਸਿੱਧੀਆਂ। ਮਨ ਬਾਂਛਤ—ਮਨ-ਮੰਗੇ। ਲਹੀਐ—ਆਓ, ਭਾਈ! ਪ੍ਰਾਪਤ ਕਰੀਏ।1। ਰਹਾਉ।

ਸੰਤ—ਹੇ ਸੰਤ ਜਨੋ! ਸਿਮਰਹ—ਆਓ, ਅਸੀਂ ਸਿਮਰੀਏ। ਅਨਾਥਹ ਨਾਥੁ—ਨਿਖਸਮਿਆਂ ਦਾ ਖਸਮ। ਦੀਨ—ਗਰੀਬ। ਪੂਰਿ ਰਹਿਓ—ਵਿਆਪਕ ਹੈ। ਘਟ ਵਾਸੀ—ਸਾਰੇ ਸਰੀਰਾਂ ਵਿਚ ਵੱਸਣ ਵਾਲਾ।1।

ਗਾਵਤ—ਗਾਂਦਿਆਂ। ਸਰਧਾ—ਸਰਧਾ ਨਾਲ। ਪੀ—ਪੀ ਕੇ। ਵਡ ਭਾਗੈ—ਵੱਡੇ ਭਾਗਾਂ ਵਾਲੇ। ਕਲਿ—ਝਗੜੇ। ਕਲੇਸ—ਦੁੱਖ। ਸਭਿ—ਸਾਰੇ। ਤੇ—ਤੋਂ। ਲਿਵ—ਲਗਨ। ਜਾਗੇ—ਸੁਚੇਤ ਹੋ ਗਏ।2।

ਤਜਿ—ਤਜ ਕੇ, ਤਿਆਗ ਕੇ। ਸਿਮਰਨਿ—ਸਿਮਰਨ ਦੀ ਰਾਹੀਂ। ਮੋਹ ਮਗਨ—ਮੋਹ (ਦੇ ਸਮੁੰਦਰ) ਵਿਚ ਡੁੱਬੇ ਰਹਿਣਾ। ਅਹੰ ਅੰਧ—ਹਉਮੈ ਵਿਚ ਅੰਨ੍ਹੇ ਹੋਏ ਰਹਿਣਾ। ਮਮਤਾ—ਅਪਣੱਤ। ਗੁਰ ਕਿਰਪਾ ਤੇ—ਗੁਰੂ ਦੀ ਕਿਰਪਾ ਨਾਲ।3।

ਸਮਰਥੁ—ਸਾਰੀਆਂ ਤਾਕਤਾਂ ਦਾ ਮਾਲਕ। ਪਾਰਬ੍ਰਹਮ—ਹੇ ਪਾਰਬ੍ਰਹਮ! ਸੁਆਮੀ—ਹੇ ਸੁਆਮੀ! ਜਨੁ—ਸੇਵਕ। ਸਰਬ ਮਹਿ—ਸਾਰੇ ਜੀਵਾਂ ਵਿਚ। ਨਾਨਕ—ਹੇ ਨਾਨਕ! ਨੇਰਾ—(ਸਭ ਦੇ) ਨੇੜੇ।4।

ਅਰਥ:- ਹੇ ਭਾਈ! ਆਓ, ਅਸੀਂ ਹਰ ਵੇਲੇ ਪਰਮਾਤਮਾ ਦੇ ਗੁਣ ਗਾਂਦੇ ਰਹੀਏ। (ਗੁਣ ਗਾਣ ਦੀ ਬਰਕਤਿ ਨਾਲ) ਹੇ ਭਾਈ! ਆਓ, ਸਾਰੇ ਪਦਾਰਥ, ਸਾਰੇ ਸੁਖ, ਸਾਰੀਆਂ ਸਿੱਧੀਆਂ, ਸਾਰੇ ਮਨ-ਮੰਗੇ ਫਲ ਹਾਸਲ ਕਰੀਏ।1। ਰਹਾਉ।

ਹੇ ਸੰਤ ਜਨੋ! ਆਓ, ਅਸੀਂ ਪ੍ਰਾਣ-ਦਾਤੇ ਸੁਖ-ਦਾਤੇ ਅਬਿਨਾਸੀ ਪ੍ਰਭੂ (ਦਾ ਨਾਮ) ਸਿਮਰੀਏ। ਉਹ ਪ੍ਰਭੂ ਨਿਖਸਮਿਆਂ ਦਾ ਖਸਮ ਹੈ, ਉਹ ਪ੍ਰਭੂ ਗ਼ਰੀਬਾਂ ਦੇ ਦੁੱਖ ਨਾਸ ਕਰਨ ਵਾਲਾ ਹੈ, ਉਹ ਪ੍ਰਭੂ ਸਭ ਥਾਈਂ ਵਿਆਪਕ ਹੈ, ਉਹ ਪ੍ਰਭੂ ਸਾਰੇ ਸਰੀਰਾਂ ਵਿਚ ਮੌਜੂਦ ਹੈ।1।

ਹੇ ਸੰਤ ਜਨੋ! ਪਰਮਾਤਮਾ ਦੇ ਗੁਣ ਸਰਧਾ ਨਾਲ ਗਾਂਦਿਆਂ ਸੁਣਦਿਆਂ ਸੁਣਾਂਦਿਆਂ ਪਰਮਾਤਮਾ ਦਾ ਨਾਮ-ਰਸ ਪੀ ਕੇ ਵੱਡੇ ਭਾਗਾਂ ਵਾਲੇ ਬਣ ਜਾਈਦਾ ਹੈ। ਹੇ ਸੰਤ ਜਨੋ! ਜਿਹੜੇ ਮਨੁੱਖ ਪਰਮਾਤਮਾ ਦੇ ਨਾਮ ਵਿਚ ਸੁਰਤਿ ਜੋੜ ਕੇ (ਵਿਕਾਰਾਂ ਦੇ ਹੱਲਿਆਂ ਵੱਲੋਂ ਸਦਾ) ਸੁਚੇਤ ਰਹਿੰਦੇ ਹਨ, ਉਹਨਾਂ ਦੇ ਸਰੀਰ ਵਿਚੋਂ ਸਾਰੇ ਝਗੜੇ ਸਾਰੇ ਦੁੱਖ ਮਿਟ ਜਾਂਦੇ ਹਨ।2।

ਹੇ ਸੰਤ ਜਨੋ! ਕਾਮ ਕ੍ਰੋਧ ਝੂਠ ਨਿੰਦਿਆ ਛੱਡ ਕੇ ਪਰਮਾਤਮਾ ਦਾ ਨਾਮ ਸਿਮਰਨ ਦੀ ਰਾਹੀਂ (ਮਨੁੱਖ ਦੇ ਅੰਦਰੋਂ ਮਾਇਆ ਦੇ ਮੋਹ ਦੀਆਂ ਸਾਰੀਆਂ) ਫਾਹੀਆਂ ਟੁੱਟ ਜਾਂਦੀਆਂ ਹਨ। ਮੋਹ ਵਿਚ ਡੁੱਬੇ ਰਹਿਣਾ, ਹਉਮੈ ਵਿਚ ਅੰਨ੍ਹੇ ਹੋਏ ਰਹਿਣਾ, ਮਾਇਆ ਦੇ ਕਬਜ਼ੇ ਦੀ ਲਾਲਸਾ—ਇਹ ਸਾਰੇ ਗੁਰੂ ਦੀ ਕਿਰਪਾ ਨਾਲ (ਮਨੁੱਖ ਦੇ ਅੰਦਰੋਂ) ਖ਼ਤਮ ਹੋ ਜਾਂਦੇ ਹਨ।3।

ਹੇ ਪਾਰਬ੍ਰਹਮ! ਹੇ ਸੁਆਮੀ! ਤੂੰ ਸਭ ਤਾਕਤਾਂ ਦਾ ਮਾਲਕ ਹੈਂ (ਮੇਰੇ ਉਤੇ) ਮਿਹਰ ਕਰ (ਮੈਨੂੰ ਆਪਣਾ ਨਾਮ ਸਿਮਰਨ

ਦਾ ਖੈਰ ਪਾ, ਮੈਂ) ਤੇਰਾ ਦਾਸ ਹਾਂ। ਹੇ ਨਾਨਕ! (ਆਖ—ਹੇ ਭਾਈ!) ਮਾਲਕ-ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੈ, ਉਹ ਪ੍ਰਭੂ ਸਭ ਦੇ ਨੇੜੇ ਵੱਸਦਾ ਹੈ।4।12।